ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਤਹਿਗੜ੍ਹ ਸਾਹਿਬ

ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਚ ਸਾਹਮਣੇ ਆਏ ਕੋਰੋਨਾ ਵਾਇਰਸ ਦੇ ਦੋ ਮਰੀਜ਼ : ਸਿਵਲ ਸਰਜਨ

ਇਲਾਜ ਲਈ ਗਿਆਨ ਸਾਗਰ ਹਸਪਤਾਲ, ਬਨੂੜ ਦਾਖਲ

ਔਰੰਗਾਬਾਦ, ਮਹਾਰਾਸ਼ਟਰ ਤੋਂ ਨਿਜ਼ਾਮੂਦੀਨ ਹੁੰਦੀਆਂ ਹੋਈਆਂ ਜ਼ਿਲ੍ਹੇ ਦੇ ਪਿੰਡ ਮਨੈਲੀ ਪੁੱਜੀਆਂ ਸਨ ਦੋਵੇ ਪੀੜਤ ਔਰਤਾਂ

ਜ਼ਿਲ੍ਹੇ ਦੇ ਪਿੰਡ ਸੰਘੋਲ ਅਤੇ ਸਾਨੀਪੁਰ ਵਿਖੇ ਵੀ ਕੁੱਝ ਸਮਾਂ ਕੀਤਾ ਬਤੀਤ

ਪ੍ਰਸ਼ਾਸਨ ਵੱਲੋਂ ਤਿੰਨੇ ਪਿੰਡ ਸੀਲ

ਮਰੀਜ਼ਾਂ ਦੇ ਸੰਪਰਕ 'ਚ ਆਏ ਲੋਕਾਂ ਨੂੰ ਕੀਤਾ ਟਰੇਸ, ਘਰਾਂ ਵਿੱਚ ਕੀਤਾ ਇਕਾਂਤਵਾਸ

ਸੰਪਰਕ 'ਚ ਆਏ 17 ਵਿਅਕਤੀਆਂ ਦੇ ਸੈਂਪਲ ਲਏ

ਫਤਹਿਗੜ੍ਹ ਸਾਹਿਬ, 06 ਅਪਰੈਲ

ਸਿਵਲ ਸਰਜਨ ਡਾ ਐਨ. ਕੇ. ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ 02 ਮਰੀਜ਼ਾਂ ਦੀ ਕੋਰੋਨਾ ਵਾਇਰਸ ਤੋਂ ਪੀੜਤ ਹੋਣ ਦੀ ਪੁਸ਼ਟੀ ਹੋਈ ਹੈ। ਕੋਰੋਨਾ ਵਾਇਰਸ ਸਬੰਧੀ ਪਾਜ਼ੇਟਿਵ ਪਾਈਆਂ ਗਈਆਂ ਦੋਵੇਂ ਔਰਤਾਂ ਔਰੰਗਾਬਾਦ, ਮਹਾਰਾਸ਼ਟਰ ਤੋਂ ਨਿਜ਼ਾਮੂਦੀਨ ਹੁੰਦੀਆਂ ਹੋਈਆਂ ਜ਼ਿਲ੍ਹੇ ਦੇ ਪਿੰਡ ਮਨੈਲੀ ਪੁੱਜੀਆਂ ਸਨ। ਇਸ ਤੋਂ ਪਹਿਲਾਂ ਇਹ ਦੋਵੇਂ ਔਰਤਾਂ ਜ਼ਿਲ੍ਹੇ ਦੇ ਪਿੰਡ ਸਾਨੀਪੁਰ ਅਤੇ ਸੰਘੋਲ ਵਿਖੇ ਵੀ ਕੁਝ ਚਿਰ ਰਹੀਆਂ। ਬੀਤੇ ਦਿਨੀ ਇਨ੍ਹਾਂ ਨੂੰ ਕਮਿਊਨਿਟੀ ਹੈਲਥ ਸੈਂਟਰ ਖਮਾਣੋਂ ਵਿਖੇ ਆਈਸੋਲੇਸ਼ਨ ਵਾਰਡ ਵਿਚ ਰੱਖਿਆ ਗਿਆ ਸੀ ਤੇ ਇਨ੍ਹਾਂ ਦੀਆਂ ਰਿਪੋਰਟਾਂ ਪਾਜ਼ੇਟਿਵ ਆਉਣ 'ਤੇ ਇਨ੍ਹਾਂ ਨੂੰ ਗਿਆਨ ਸਾਗਰ ਹਸਪਤਾਲ, ਬਨੂੜ ਦਾਖਲ ਕਰਵਾਇਆ ਗਿਆ ਹੈ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਨੇ ਦੱਸਿਆ ਕਿ ਕੋਰੋਨਾ ਵਾਇਰਸ ਨੂੰ ਫੈਲਣ ਤੋਂ

ਰੋਕਣ ਲਈ ਪਿੰਡ ਸਾਨੀਪੁਰ, ਸੰਘੋਲ ਅਤੇ ਮਨੈਲੀ ਨੂੰ ਸੀਲ ਕਰ ਦਿੱਤਾ ਗਿਆ ਹੈ ਅਤੇ ਪਿੰਡ ਸਾਨੀਪੁਰ ਵਿਖੇ ਇਨ੍ਹਾਂ ਔਰਤਾਂ ਦੇ ਸੰਪਰਕ ਵਿੱਚ ਆਏ 35 ਵਿਅਕਤੀਆਂ ਨੂੰ ਟਰੇਸ ਕਰਕੇ ਇਕਾਂਤਵਾਸ ਕੀਤਾ ਗਿਆ ਹੈ ਅਤੇ 03 ਸੈਂਪਲ ਲਏ ਗਏ ਹਨ। ਸੰਘੋਲ ਵਿਖੇ ਇਨ੍ਹਾਂ ਦੇ ਸੰਪਰਕ ਵਿੱਚ ਆਏ 64 ਵਿਅਕਤੀਆਂ ਨੂੰ ਟਰੇਸ ਕਰਕੇ ਇਕਾਂਤਵਾਸ ਕੀਤਾ ਗਿਆ ਹੈ ਤੇ 09 ਸੈਂਪਲ ਲਏ ਗਏ ਹਨ। ਪਿੰਡ ਮਨੈਲੀ ਵਿਖੇ ਇਨ੍ਹਾਂ ਦੇ ਸੰਪਰਕ 'ਚ ਆਏ 46 ਵਿਅਕਤੀਆਂ ਨੂੰ ਟਰੇਸ ਕਰਕੇ ਇਕਾਂਤਵਾਸ ਕੀਤਾ ਗਿਆ ਹੈ ਅਤੇ 05 ਸੈਂਪਲ ਲਏ ਗਏ ਹਨ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਬਿਮਾਰੀ ਨੂੰ ਫੈਲਣ ਤੋਂ ਰੋਕਣ ਲਈ ਸਾਰੇ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ ਅਤੇ ਉਪਰੋਕਤ ਪਿੰਡਾਂ ਸਮੇਤ ਜ਼ਿਲ੍ਹੇ ਦੇ ਸਾਰੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਵਿਸ਼ੇਸ਼ ਤੌਰ 'ਤੇ ਸੈਨੀਟਾਈਜੇਸ਼ਨ ਵੀ ਕਰਵਾਈ ਜਾ ਰਹੀ ਹੈ।

-----------------------------------------------------------------------------------

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਕੋਰੋਨਾ ਵਾਇਰਸ ਤੋਂ ਬਚਾਅ ਲਈ ਪਿੰਡਾਂ ਦੇ ਲੋਕ ਪਿੰਡਾਂ ਨੂੰ ਆਉਣ ਜਾਣ ਵਾਲੇ ਰਸਤਿਆ ਤੇ 24 ਘੰਟੇ ਦੇ ਰਹੇ ਨੇ ਪਹਿਰਾ

ਡਿਪਟੀ ਕਮਿਸ਼ਨਰ ਨੇ ਜਾਰੀ ਕੀਤੇ ਹਨ ਪਿੰਡਾਂ ਵਿੱਚ ਪਹਿਰੇ ਲਾਉਣ ਦੇ ਹੁਕਮ

ਲੋਕਾਂ ਵੱਲੋਂ ਮਿਲ ਰਹੇ ਸਹਿਯੋਗ ਲਈ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਧੰਨਵਾਦ

ਫ਼ਤਹਿਗੜ੍ਹ ਸਾਹਿਬ, 06 ਅਪ੍ਰੈਲ :

ਦੁਨੀਆਂ ਦੇ ਸਾਹਮਣੇ ਇੱਕ ਦਮ ਆਈ ਨੋਵੇਲ ਕੋਰੋਨਾ ਵਾਇਰਸ ਦੀ ਭਿਆਨਕ ਮਹਾਂਮਾਰੀ ਨੂੰ ਫੈਲਣ ਤੋਂ ਰੋਕਣ ਲਈ ਪ੍ਰਸਾਸ਼ਨ ਵੱਲੋਂ ਵੱਡੇ ਪੱਧਰ ’ਤੇ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਡਿਪਟੀ ਕਮਿਸ਼ਨਰ ਵੱਲੋਂ ਜਾਰੀ ਹੁਕਮਾਂ ਮੁਤਾਬਿਕ ਜਿਲ੍ਹੇ ਦੇ ਪਿੰਡਾਂ ਦੇ ਲੋਕਾਂ ਵੱਲੋਂ ਪਿੰਡਾਂ ਨੂੰ ਆਉਣ ਜਾਣ ਵਾਲੇ ਰਸਤਿਆਂ ਤੇ 24 ਘੰਟੇ ਪਹਿਰੇ ਦਿੱਤੇ ਜਾ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡਿਪਟੀ

ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਕੀਤੇ ਜਾ ਰਹੇ ਉਪਰਾਲਿਆ ਸਬੰਧੀ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ ਪਿੰਡਾਂ ਨੂੰ ਆਉਣ ਜਾਣ ਵਾਲੇ ਰਸਤਿਆ ਤੇ ਪਹਿਰਾ ਦੇ ਰਹੇ ਪਿੰਡ ਵਾਸੀਆਂ ਵੱਲੋਂ ਇਹ ਗੱਲ ਯਕੀਨੀ ਬਣਾਈ ਜਾ ਰਹੀ ਹੈ ਕਿ ਪਿੰਡ ਵਿੱਚੋਂ ਕੋਈ ਵੀ ਵਿਅਕਤੀ ਬਿਨ੍ਹਾਂ ਕਿਸੇ ਅਤਿ ਜਰੂਰੀ ਕੰਮ ਤੋਂ ਬਾਹਰ ਨਾ ਜਾਵੇ ਅਤੇ ਨਾ ਹੀ ਬਾਹਰੋਂ ਕੋਈ ਪਿੰਡ ਵਿਚ ਆਵੇ ਤਾਂ ਜੋ ਇਸ ਬਿਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇ।

ਜ਼ਿਕਰਯੋਗ ਹੈ ਕਿ ਜ਼ਿਲ੍ਹਾ ਮੈਜਿਸਟਰੇਟ -ਕਮ- ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਪੰਜਾਬ ਵਿਲੇਜ ਐਂਡ ਸਮਾਲ ਟਾਊਨ ਪੈਟਰੋਲ ਐਕਟ 1918 ਦੇ ਸੈਕਸ਼ਨ 3 (1) ਅਧੀਨ ਹੁਕਮ ਜਾਰੀ ਕੀਤੇ ਹੋਏ ਹਨ ਕਿ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਜ਼ਿਲ੍ਹੇ ਦੇ ਸਾਰੇ ਪਿੰਡਾਂ ਦੇ ਨਰੋਈ ਸਿਹਤ ਵਾਲੇ ਬਾਲਗ ਵਿਅਕਤੀਆਂ ਵੱਲੋਂ ਪਿੰਡਾਂ ਵਿੱਚ ਦਾਖਲ ਹੋਣ ਤੇ ਬਾਹਰ ਜਾਣ ਦੇ ਰਸਤਿਆਂ ਤੇ 24 ਘੰਟੇ ਪਹਿਰੇ ਲਗਾਏ ਜਾਣ ਅਤੇ ਕਿਸੇ ਵੀ ਵਿਅਕਤੀ ਨੂੰ ਬਿਨਾਂ ਕਿਸੇ ਖਾਸ ਮਕਸਦ ਦੇ ਪਿੰਡ ਵਿੱਚ ਦਾਖਲ ਨਾ ਹੋਣ ਦਿੱਤਾ ਜਾਵੇ।

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਹੁਕਮਾਂ ਅਨੁਸਾਰ ਪਿੰਡਾਂ ਦੇ 60 ਸਾਲ ਤੋਂ ਵੱਧ ਉਮਰ ਵਾਲੇ ਬਜ਼ੁਰਗਾਂ ਅਤੇ ਅੰਗਹੀਣ ਵਿਅਕਤੀਆਂ ਨੂੰ ਇਹ ਪਹਿਰਾ ਦੇਣ ਤੋਂ ਛੋਟ ਹੈ। ਹਰੇਕ ਪਿੰਡ ਦੀ ਪੰਚਾਇਤ ਨੂੰ ਇਸ ਐਕਟ ਅਧੀਨ ਧਾਰਾ 4(1) ਦੀ ਪੂਰੀ ਤਰਜਮਾਨੀ ਕਰਦਿਆਂ ਆਪਣੇ ਕਾਰਜ ਖੇਤਰ ਅੰਦਰ ਉਕਤ ਡਿਊਟੀ ਕਰਵਾਉਣ ਲਈ ਕਿਹਾ ਗਿਆ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪ੍ਰਸਾਸ਼ਨ ਆਮ ਲੋਕਾਂ ਦੀਆਂ ਹਰੇਕ ਤਰ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਚਨਬੱਧ ਹੈ ਅਤੇ ਕਿਸੇ ਵੀ ਵਿਅਕਤੀ ਨੂੰ ਕਿਸੇ ਤਰ੍ਹਾਂ ਦੀ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।

---------------------------------------------------------------------------

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਕੋਰੋਨਾ ਵਾਇਰਸ ਤੋਂ ਬਚਾਅ ਲਈ ਜ਼ਿਲ੍ਹੇ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਸੈਨੇਟਾਈਜੇਸ਼ਨ ਮੁਹਿੰਮ ਜ਼ੋਰਾਂ 'ਤੇ

ਲੋਕਾਂ ਨੂੰ ਵੱਧ ਤੋਂ ਵੱਧ ਸਾਫ਼ ਸਫ਼ਾਈ ਰੱਖਣ ਦੀ ਅਪੀਲ

ਸਫ਼ਾਈ ਕਰਮਚਾਰੀਆਂ ਨੂੰ ਮੁਹੱਈਆ ਕਰਵਾਏ ਗਏ ਹਨ ਸੈਨੇਟਾਈਜ਼ਰ

ਪ੍ਰਸ਼ਾਸਨ ਵੱਲੋਂ ਚੁੱਕੇ ਜਾ ਰਹੇ ਕਦਮਾਂ ਦੀ ਲੋਕਾਂ ਵੱਲੋਂ ਸ਼ਲਾਘਾ

ਫ਼ਤਹਿਗੜ੍ਹ ਸਾਹਿਬ, 06 ਅਪ੍ਰੈਲ :

ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਸੈਨੇਟਾਈਜੇਸ਼ਨ ਮੁਹਿੰਮ ਜ਼ੋਰਾਂ 'ਤੇ ਚੱਲ ਰਹੀ ਹੈ ਅਤੇ ਇਸ ਮੁਹਿੰਮ ਵਿੱਚ ਨਗਰ ਕੌਂਸਲਾਂ ਦੇ ਕਰਮਚਾਰੀਆਂ ਸਮੇਤ ਵੱਖ-ਵੱਖ ਜਥੇਬੰਦੀਆਂ ਵੱਲੋਂ ਵੱਧ ਚੜ੍ਹ ਕੇ ਯੋਗਦਾਨ ਪਾਇਆ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਲੋੜੀਂਦਾ ਕਦਮ ਚੁੱਕਿਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਸੈਨੇਟਾਈਜੇਸ਼ਨ ਦੇ ਨਾਲ ਨਾਲ ਸਾਫ ਸਫਾਈ ਦੀ ਮੁਹਿੰਮ ਅਤੇ ਕੂੜੇ ਦੀ ਡੋਰ-ਟੂ-ਡੋਰ ਕੁਲੈਕਸ਼ਨ ਵੀ ਨਿਰੰਤਰ ਜਾਰੀ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਸਫ਼ਾਈ ਕਰਚਾਰੀਆਂ ਨੂੰ ਸੈਨੇਟਾਈਜ਼ਰ ਵੀ ਮੁਹੱਈਆ ਕਰਵਾਏ ਗਏ ਹਨ। ਸ਼੍ਰੀਮਤੀ ਗਿੱਲ ਨੇ ਦੱਸਿਆ ਕਿ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਵੱਖ-ਵੱਖ ਸੰਚਾਰ ਸਾਧਨਾਂ ਰਾਹੀਂ ਲੋਕਾਂ ਨੂੰ ਵੱਧ ਤੋਂ ਵੱਧ ਸਾਫ ਸਫਾਈ ਰੱਖਣ ਲਈ ਪ੍ਰੇਰਤ ਕੀਤਾ ਜਾ ਰਿਹਾ ਹੈ।

ਸ਼੍ਰੀਮਤੀ ਗਿੱਲ ਨੇ ਦੱਸਿਆ ਕਿ ਲੋਕਾਂ ਨੂੰ ਪ੍ਰੇਰਤ ਕੀਤਾ ਜਾ ਰਿਹਾ ਹੈ ਕਿ ਹੱਥਾਂ ਨੂੰ ਵਾਰ-ਵਾਰ ਸਾਬਣ ਨਾਲ ਧੋਣ ਅਤੇ ਖੰਗ ਜਾਂ ਛਿੱਕ ਆਉਣ 'ਤੇ ਆਪਣਾ ਮੂੰਹ ਰੁਮਾਲ ਨਾਲ ਢੱਕਿਆ ਜਾਵੇ ਕਿਉਂਕਿ ਇਹ ਬਿਮਾਰੀ ਇੱਕ ਪੀੜਤ ਵਿਅਕਤੀ ਤੋਂ ਦੂਸਰੇ ਵਿਅਕਤੀ ਨੂੰ ਥੁੱਕ ਕਣਾਂ ਰਾਹੀਂ ਹੁੰਦੀ ਹੈ। ਇਸ ਲਈ ਫਲੂ ਵਾਲੇ ਲੱਛਣਾਂ

ਵਾਲੇ ਵਿਅਕਤੀ ਤੋਂ ਇੱਕ ਮੀਟਰ ਦੀ ਦੂਰੀ ਬਣਾ ਕੇ ਰੱਖੀ ਜਾਵੇ। ਇਸ ਤੋਂ ਇਲਾਵਾ ਕਿਸੇ ਨਾਲ ਵੀ ਹੱਥ ਨਾ ਮਿਲਾਇਆ ਜਾਵੇ। ਜ਼ਿਕਰਯੋਗ ਹੈ ਕਿ ਪ੍ਰਸ਼ਾਸਨ ਵੱਲੋਂ ਕੋਰੋਨਾ ਵਾਇਰਸ ਨੂੰ ਰੋਕਣ ਲਈ ਚੁੱਕੇ ਜਾ ਰਹੇ ਕਦਮਾਂ ਦੀ ਜ਼ਿਲ੍ਹਾ ਵਾਸੀਆਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ।